# VIGILANCE BUREAU PUNJAB

## Vigilance nabs ASI for taking bribe

Chandigarh, April 10: Punjab Vigilance Bureau, nabbed an Assistant Sub Inspector (ASI) posted at City police station Faridkot red handed while accepting bribe of Rs 5,000.

Disclosing this here an official spokesperson of the Vigilance Bureau said ASI Sukhdev Singh was nabbed red handed on the complaint of Gurdev Singh of Gobind Nagar, Faridkot city. The complainant has approached the VB and alleged that the accused ASI was demanding Rs 10,000 to help his son in a police case and the deal was struck at Rs. 7,000/-. He further said that he had already paid Rs. 2,000 as a first instalment to the accused ASI.

After verifying his information, the vigilance team laid a trap and the accused ASI was arrested on the spot while taking bribe of Rs. 5,000 of second instalment from the complainant in the presence of two official witnesses.

He informed that a case under Prevention of Corruption Act has been registered against the accused at VB police station Bathinda and further investigation was under progress.

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ ਰਿਸ਼ਵਤ ਲੈਂਦਾ ਏ.ਐਸ.ਆਈ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 10 ਅਪ੍ਰੈਲ: ਪੰਜਾਬ ਵਿਜੀਲੈਂਸ ਬਿਊਰੋ ਨੇ ਸਿਟੀ ਥਾਣਾ ਫਰੀਦਕੋਟ ਵਿਖੇ ਤਾਇਨਾਤ ਏ.ਐਸ.ਆਈ. ਸੁਖਦੇਵ ਸਿੰਘ ਨੂੰ 5,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਗੁਰਦੇਵ ਸਿੰਘ ਵਾਸੀ ਗੋਬਿੰਦ ਨਗਰ, ਫਰੀਦਕੋਟ ਦੀ ਸ਼ਿਕਾਇਤ 'ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸ ਦੇ ਪੁੱਤਰ ਵਿਰੁੱਧ ਦਰਜ ਕੀਤੇ ਕੇਸ ਵਿਚ ਕੋਈ ਕਾਰਵਾਈ ਨਾ ਕਰਨ ਬਦਲੇ ਏ.ਐਸ.ਆਈ ਵਲੋਂ 10,000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 7,000 ਰੁਪਏ ਵਿਚ ਤੈਅ ਹੋਇਆ ਹੈ। ਉਸਨੇ ਦੱਸਿਆ ਕਿ ਉਸ ਵਲੋਂ 2,000 ਰੁਪਏ ਪਹਿਲੀ ਕਿਸ਼ਤ ਦੇ ਵਜੋ ਅਦਾ ਕੀਤੇ ਜਾ ਚੁੱਕੇ ਹਨ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਦੂਸਰੀ ਕਿਸ਼ਤ ਦੇ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ 'ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਬਠਿੰਡਾ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

----